ਸਾਰਗ ਮਹਲਾ ੫ ॥ ਜਿਹਵੇ ਅੰਮ੍ਰਿਤ ਗੁਣ ਹਰਿ ਗਾਉ ॥ ਹਰਿ ਹਰਿ ਬੋਲਿ ਕਥਾ ਸੁਨਿ ਹਰਿ ਕੀ ਉਚਰਹੁ ਪ੍ਰਭ ਕੋ ਨਾਉ ॥੧॥ ਰਹਾਉ ॥ ਰਾਮ ਨਾਮੁ ਰਤਨ ਧਨੁ ਸੰਚਹੁ ਮਨਿ ਤਨਿ ਲਾਵਹੁ ਭਾਉ ॥ ਆਨ ਬਿਭੂਤ ਮਿਥਿਆ ਕਰਿ ਮਾਨਹੁ ਸਾਚਾ ਇਹੈ ਸੁਆਉ ॥ ੧॥ ਜੀਅ ਪ੍ਰਾਨ ਮੁਕਤਿ ਕੋ ਦਾਤਾ ਏਕਸ ਸਿਉ ਲਿਵ ਲਾਉ ॥ ਕਹੁ ਨਾਨਕ ਤਾ ਕੀ ਸਰਣਾਈ ਦੇਤ ਸਗਲ ਅਪਿਆਉ ॥੨॥੫੩॥੭੬॥
{ਪੰਨਾ 1219}

ਪਦਅਰਥ:- ਜਿਹਵੇ—ਹੇ (ਮੇਰੀ) ਜੀਭ! ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੇ। ਗਾਉ—ਗਾਇਆ ਕਰ। ਕੋ—ਦਾ।1। ਰਹਾਉ।

ਰਤਨ ਧਨੁ—ਕੀਮਤੀ ਧਨ। ਸੰਚਹੁ—ਇਕੱਠਾ ਕਰਿਆ ਕਰੋ। ਮਨਿ—ਮਨ ਵਿਚ। ਤਨਿ—ਤਨ ਵਿਚ। ਭਾਉ—ਪ੍ਰੇਮ। ਆਨ—ਹੋਰ ਹੋਰ। ਬਿਭੂਤ—ਐਸ਼੍ਵਰਜ, ਧਨ-ਪਦਾਰਥ। ਮਿਥਿਆ—ਨਾਸਵੰਤ। ਸਾਚਾ—ਸਦਾ ਕਾਇਮ ਰਹਿਣ ਵਾਲਾ। ਸੁਆਉ—ਮਨੋਰਥ।1।

ਕੋ—ਦਾ। ਜੀਅ—ਜਿੰਦ। ਏਕਸ ਸਿਉ—ਇਕ (ਪਰਮਾਤਮਾ) ਨਾਲ ਹੀ। ਲਿਵ—ਲਗਨ। ਤਾ ਕੀ—ਉਸ (ਪਰਮਾਤਮਾ) ਦੀ। ਸਗਲ—ਸਾਰੇ। ਅਪਿਆਉ—ਭੋਜਨ, ਖਾਣੇ।2।

ਅਰਥ:- ਹੇ (ਮੇਰੀ) ਜੀਭ! ਪਰਮਾਤਮਾ ਦੇ ਆਤਮਕ ਜੀਵਨ ਦੇਣ ਵਾਲੇ ਗੁਣ ਗਾਇਆ ਕਰ। ਹੇ ਭਾਈ! ਪਰਮਾਤਮਾ ਦਾ ਨਾਮ ਉਚਾਰਿਆ ਕਰ, ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਿਆ ਕਰ, ਪ੍ਰਭੂ ਦਾ ਨਾਮ ਉਚਾਰਿਆ ਕਰ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਹੀ ਕੀਮਤੀ ਧਨ ਹੈ, ਇਹ ਧਨ ਇਕੱਠਾ ਕਰਿਆ ਕਰ। ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਬਣਾਇਆ ਕਰ। ਹੇ ਭਾਈ! (ਨਾਮ ਤੋਂ ਬਿਨਾ) ਹੋਰ ਹੋਰ ਧਨ-ਪਦਾਰਥ ਨੂੰ ਨਾਸਵੰਤ ਸਮਝ। (ਪਰਮਾਤਮਾ ਦਾ ਨਾਮ ਹੀ) ਸਦਾ ਕਾਇਮ ਰਹਿਣ ਵਾਲਾ ਜੀਵਨ-ਮਨੋਰਥ ਹੈ।1।

ਹੇ ਭਾਈ! ਸਿਰਫ਼ ਪਰਮਾਤਮਾ (ਦੇ ਨਾਮ) ਨਾਲ ਲਗਨ ਪੈਦਾ ਕਰ, ਪਰਮਾਤਮਾ ਹੀ ਜਿੰਦ ਦੇਣ ਵਾਲਾ ਹੈ, ਪ੍ਰਾਣ ਦੇਣ ਵਾਲਾ ਹੈ, ਮੁਕਤੀ (ਉੱਚੀ ਆਤਮਕ ਦਸ਼ਾ) ਦੇਣ ਵਾਲਾ ਹੈ। ਹੇ ਨਾਨਕ! ਆਖ—(ਹੇ ਭਾਈ!) ਉਸ ਪਰਮਾਤਮਾ ਦੀ ਸਰਨ ਪਿਆ ਰਹੁ ਜੋ ਸਾਰੇ ਖਾਣ ਪੀਣ ਦੇ ਪਦਾਰਥ ਦੇਂਦਾ ਹੈ।2। 53। 76।